ੴ ਵਾਹਿਗੁਰੂ ਜੀ ਕੀ ਫ਼ਤਹ ॥

319/8-10/1000

# ਸ੍ਰੀ ਅਕਾਲ ਤਖ਼ਤ ਸਾਹਿਬ

Sri Akal Takhat Sahib, Sri Amritsar (Pb.) India

ਨੰਬਰ. ਅ:ਤ:/3061.

ਮਿਤੀ 5-5-2012.

ਗੁਰੂ ਪਿਆਰੇ ਖਾਲਸਾ ਜੀਓ,

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫ਼ਤਹਿ॥

ਮੈਂ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਜੋਂ ਸਿੱਖਸ ਫ਼ਾਰ ਜਸਟਿਸ ਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੂੰ ਹਦਾਇਤ ਕਰਦਾ ਹਾਂ ਕਿ ਸਮੁੱਚੇ ਵਿਸ਼ਵ ਦੇ ਸਿੱਖਾਂ ਦੇ ਸਹਿਯੋਗ ਨਾਲ 'ਨਸਲਕੁਸ਼ੀ ਪਟੀਸ਼ਨ' ਦਾਇਰ ਕੀਤੀ ਜਾਵੇ ਅਤੇ ਸੰਯੁਕਤ ਰਾਸ਼ਟਰ ਨੂੰ ਅਪੀਲ ਕੀਤੀ ਜਾਵੇ ਕਿ:-

(ੳ) ਨਵੰਬਰ 1984 ਦੇ ਪਹਿਲੇ ਹਫ਼ਤੇ ਦੌਰਾਨ ਸਮੁੱਚੇ ਭਾਰਤ ਵਿੱਚ ਸਿੱਖਾਂ 'ਤੇ ਯੋਜਨਾਬੱਧ ਤੇ ਸੰਗਠਿਤ ਤਰੀਕੇ ਨਾਲ ਕੀਤੇ ਗਏ ਹਮਲਿਆਂ ਦੀ ਜਾਂਚ ਕਰਵਾਈ ਜਾਵੇ, ਜਿਨਾਂ ਨੂੰ ਸਮੇਂ-ਸਮੇਂ ਦੀਆਂ ਭਾਰਤ ਸਰਕਾਰਾਂ ਨੇ ਦਿੱਲੀ ਤੱਕ ਹੀ ਸੀਮਤ ਰੱਖਦਿਆਂ ਸਿੱਖ ਵਿਰੋਧੀ ਦੰਗਿਆਂ ਦਾ ਨਾਂਅ ਦੇ ਕੇ ਲੁਕਾਉਂਦੀਆਂ ਆਈਆਂ ਹਨ।

(ਅ) ਨਵੰਬਰ 1984 ਦੌਰਾਨ ਸਿੱਖਾਂ ਦੇ ਯੋਜਨਾਬੱਧ ਤੇ ਸੰਗਠਿਤ ਤਰੀਕੇ ਨਾਲ ਕੀਤੇ ਗਏ ਕਤਲੇਆਮ ਨੂੰ 'ਨਸਲਕੁਸ਼ੀ' ਐਲਾਨ ਕਰਾਉਣ ਵਾਸਤੇ ਠੋਸ ਉਪਰਾਲੇ ਕੀਤੇ ਜਾਣ।

ਇਸ ਸਬੰਧ ਵਿੱਚ ਸਿੱਖਸ ਫਾਰ ਜਸਟਿਸ ਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਵਲੋਂ ਸੰਯੁਕਤ ਰਾਸ਼ਟਰ ਅੱਗੇ ਪਾਈ ਜਾਣ ਵਾਲੀ 'ਨਸਲਕੁਸ਼ੀ ਪਟੀਸ਼ਨ' ਦੇ ਸਮਰਥਨ ਲਈ ਕੌਮਾਂਤਰੀ ਪੱਧਰ 'ਤੇ 'ਦਸ ਲੱਖੀ ਦਸਤਖ਼ਤੀ ਮੁਹਿੰਮ' ਚਲਾਈ ਜਾ ਰਹੀ ਹੈ। ਇਸ ਲਈ ਸਮੁੱਚਾ ਸਿੱਖ ਭਾਈਚਾਰਾ ਇਸ ਦਸਤਖ਼ਤੀ ਮੁਹਿੰਮ ਦਾ ਸਮਰਥਨ ਕਰੇ।

ਗੁਰੂ ਰਾਖਾ,

ਗੁਰੂ ਪੰਥ ਦਾ ਦਾਸ,

( ਗੁਰਬਚਨ ਸਿੰਘ )
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

ਫ਼ੋਨ/ਫੈਕਸ ਦਫ਼ਤਰ : 91-183-2540820, 98146-79291, 94631-11313 ਪੀ.ਬੀ.ਐਕਸ : 91-183-2553957,58,59 ਐਕਸਟੈਨਸ਼ਨ: ਦਫ਼ਤਰ 434